ਕਿਸਾਨਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਸਬੰਧੀ ਜਾਣਕਾਰੀ ਦੇਣ ਲਈ ਖੇਤੀਬਾੜੀ ਵਿਭਾਗ ਨੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ   ਤਕਨੀਕੀ ਜਾਣਕਾਰੀ ਹਾਸਿਲ ਕਰਕੇ ਪਰਾਲੀ ਨੂੰ ਜ਼ਮੀਨ ਵਿੱਚ ਰਲਾਉਣ ਕਿਸਾਨ : ਵਧੀਕ ਡਿਪਟੀ ਕਮਿਸ਼ਨਰ ਵਿਕਾਸ

ਤਰਨਤਾਰਨ, 4 ਅਕਤੂਬਰ :

ਖੇਤੀਬਾੜੀ ਵਿਭਾਗ ਵੱਲੋਂ ਹਾੜ੍ਹੀ ਦੀਆਂ ਫ਼ਸਲਾਂ ਸਬੰਧੀ ਕਿਸਾਨਾਂ ਨੂੰ ਜਾਣਕਾਰੀ ਦੇਣ ਦੇ ਮਕਸਦ ਨਾਲ ਆਤਮਾ ਸਕੀਮ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਪ੍ਰਦਰਸ਼ਨੀ ਦਾ ਆਯੋਜਨ ਐਸ.ਆਰ. ਰਿਜਰੋਟ ਤਰਨਤਾਰਨ ਵਿਖੇ ਕੀਤਾ ਗਿਆ। ਜਿਸ ਦਾ ਉਦਘਾਟਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ ਵੱਲੋਂ ਕੀਤਾ ਗਿਆ।




ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਤਕਨੀਕੀ ਜਾਣਕਾਰੀ ਹਾਸਿਲ ਕਰਕੇ ਪਰਾਲੀ ਨੂੰ ਜ਼ਮੀਨ ਵਿੱਚ ਰਲਾਉਣ। ਇਸ ਨਾਲ ਧਰਤੀ ਵਿੱਚ ਜੈਵਿਕ ਮਾਦਾ ਵਧੇਗਾ।

ਉਨ੍ਹਾਂ ਕਿਹਾ ਕਿ ਜ਼ਮੀਨ ਦੀ ਉਪਜਾਊ ਸ਼ਕਤੀ ਵੱਧਣ ਨਾਲ ਫ਼ਸਲਾਂ ਦਾ ਝਾੜ ਵਧੇਗਾ ਤੇ ਵਾਤਾਵਰਣ ਪ੍ਰਦੂਸ਼ਿਤ ਨਹੀਂ ਹੋਵੇਗਾ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਦੇ ਪ੍ਰਬੰਧਨ ਸਬੰਧੀ ਜ਼ਿਲ੍ਹਾ ਪੱਧਰੀ, ਬਲਾਕ ਪੱਧਰੀ ਅਤੇ

ਪਿੰਡ ਵਿੱਚ ਖੇਤ ਪ੍ਰਦਰਸ਼ਨੀ ਲਗਾ ਕੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਮਸ਼ੀਨਰੀ ਵੀ ਸਬਸਿਡੀ ’ਤੇ ਦਿੱਤੀ ਜਾ ਰਹੀ ਹੈ।

ਇਸ ਮੌਕੇ ਸਹਾਇਕ ਮੰਡੀਕਰਨ ਅਫ਼ਸਰ ਡਾ. ਨਾਜਰ ਸਿੰਘ, ਇੰਜ. ਰਣਬੀਰ ਰੰਧਾਵਾ, ਡਾ. ਨਵਜੋਤ ਸਿੰਘ ਬਰਾੜ, ਬੀ.ਡੀ.ਪੀ.ਓ. ਗੁਰਪ੍ਰਤਾਪ ਸਿੰਘ ਗਿੱਲ ਨੇ ਕਿਸਾਨਾਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਜਦੋਂਕਿ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਮਾਹਿਰਾਂ ਦੀ ਟੀਮ ਦੀ ਅਗਵਾਈ ਕਰਦਿਆਂ ਕੇ.ਵੀ.ਕੇ. ਉਸਮਾਂ ਦੇ ਡਾਇਰੈਕਟਰ ਪਰਮਜੀਤ ਸਿੰਘ ਨੇ ਕਿਸਾਨਾਂ ਨੂੰ ਕੀੜੇ ਮਕੌੜੇ ਅਤੇ ਫ਼ਸਲਾਂ ਦੀਆਂ ਬਿਮਾਰੀਆਂ ਦੀ ਸੁਚੱਜੀ ਰੋਕਥਾਮ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਤਰਨਤਾਰਨ ਡਾ. ਪ੍ਰਤਾਪ ਸਿੰਘ ਸੰਧੂ ਨੇ ਕੈਂਪ ’ਚ ਪੁੱਜੇ ਕਿਸਾਨਾਂ ਨੂੰ ਮਹਿਕਮੇ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਹਾੜੀ ਦੇ ਸੀਜਨ ਲਈ ਲੋੜੀਂਦੀ ਖਾਦ, ਬੀਜ, ਦਵਾਈਆਂ ਦਾ ਢੁੱਕਵਾ ਪ੍ਰਬੰਧ ਕੀਤਾ ਗਿਆ ਹੈ। ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਲੋੜੀਂਦੀ ਤਕਨੀਕੀ ਜਾਣਕਾਰੀ ਅਤੇ ਮਸ਼ੀਨਰੀ ਹੈਪੀਸੀਡਰ, ਚੌਪਰ ਮਲਚਰ, ਐਮ.ਬੀ. ਪਲਾਓ, ਸੁਪਰ ਐਮ.ਐਸ. ਸਬਸਿਡੀ ’ਤੇ ਦਿੱਤੀ ਜਾ ਰਹੀ ਹੈ। ਜ਼ਮੀਨ ਦੀ ਸਿਹਤ ਸੁਧਾਰ ਲਈ ਮਿੱਟੀ ਦੇ ਸੈਂਪਲ ਵੀ ਲਏ ਜਾ ਰਹੇ ਹਨ।

ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਲਗਾਈਆਂ ਪ੍ਰਦਰਸ਼ਨੀਆਂ ’ਤੇ ਜਾ ਕੇ ਕਿਸਾਨਾਂ ਵੱਲੋਂ ਜਾਣਕਾਰੀ ਹਾਸਿਲ ਕੀਤੀ ਗਈ। ਇਸ ਮੌਕੇ ਨਾੜ ਨਾ ਸਾੜਣ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਵੱਲੋਂ ਸਨਮਾਨਿਤ ਵੀ ਕੀਤਾ ਗਿਆ।



ਇਸ ਮੌਕੇ ਬਲਾਕ ਖੇਤੀਬਾੜੀ ਅਫ਼ਸਰ ਡਾ. ਕਿਰਪਾਲ ਸਿੰਘ ਢਿੱਲੋਂ, ਡਾ. ਗੁਰਦਿਆਲ ਸਿੰਘ ਬੱਲ, ਡਾ. ਜਸਬੀਰ ਸਿੰਘ ਗਿੱਲ, ਡਾ. ਸੁਖਵਿੰਦਰ ਸਿੰਘ, ਡਾ. ਕੁਲਜੀਤ ਸਿੰਘ, ਡਾ. ਸੁਰਿੰਦਰਪਾਲ ਸਿੰਘ, ਡਾ. ਭੁਪਿੰਦਰ ਸਿੰਘ, ਏ.ਡੀ.ਓ. ਡਾ. ਗੁਰਪ੍ਰੀਤ ਸਿੰਘ, ਡਾ. ਹਰਪਾਲ ਸਿੰਘ ਪੰਨੂੰ, ਗੁਰਸਾਹਿਬ ਸਿੰਘ ਤੋਂ ਇਲਾਵਾ ਕਿਸਾਨ ਵੱਡੀ ਗਿਣਤੀ ਵਿਚ ਹਾਜ਼ਰ ਸਨ।

----------------------------------